**ਪ੍ਰਧਾਨ ਮੰਤਰੀ ਨੇ G7 ਸਮਿਟ ਦੌਰਾਨ ਮੈਕਸੀਕੋ ਦੇ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ (17 ਜੂਨ, 2025)**

17 ਜੂਨ 2025

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਕੈਨੇਡਾ ਦੇ ਕਨਾਨਾਸਕਿਸ ਵਿੱਚ G7 ਸਮਿਟ ਦੌਰਾਨ ਮੈਕਸੀਕੋ ਦੇ ਰਾਸ਼ਟਰਪਤੀ ਮਹਾਮਹਿਮ ਡਾ. ਕਲਾਉਡੀਆ ਸ਼ੀਨਬੌਮ ਪਾਰਡੋ ਨਾਲ ਮੁਲਾਕਾਤ ਕੀਤੀ। ਇਹ ਦੋਵੇਂ ਨੇਤਾਵਾਂ ਦਰਮਿਆਨ ਪਹਿਲੀ ਮੁਲਾਕਾਤ ਸੀ। ਪ੍ਰਧਾਨ ਮਤਰੀ ਨੇ ਮੈਕਸੀਕੋ ਦੀ ਰਾਸ਼ਟਰਪਤੀ ਨੂੰ ਇਤਿਹਾਸਕ ਜਿੱਤ ’ਤੇ ਵਧਾਈ ਦਿੱਤੀ।

2. ਪ੍ਰਧਾਨ ਮੰਤਰੀ ਨੇ ਅੱਤਵਾਦ ਖ਼ਿਲਾਫ਼ ਭਾਰਤ ਦੀ ਲੜਾਈ ਵਿੱਚ ਮੈਕਸੀਕੋ ਦੇ ਸਮਰਥਨ ਲਈ ਰਾਸ਼ਟਰਪਤੀ ਸ਼ੀਨਬੌਮ ਦਾ ਧੰਨਵਾਦ ਕੀਤਾ। ਭਾਰਤ ਅਤੇ ਮੈਕਸੀਕੋ ਦੇ ਦਰਮਿਆਨ ਦੋਸਤੀ ਦੇ ਇਤਿਹਾਸਕ ਰਿਸ਼ਤਿਆਂ ’ਤੇ ਜੋਰ ਦਿੰਦੇ ਹੋਏ, ਦੋਵੇਂ ਨੇਤਾਵਾਂ ਨੇ ਵਪਾਰ, ਨਿਵੇਸ਼, ਸਟਾਰਟ-ਅੱਪ, ਇਨੋਵੇਸ਼ਨ, ਵਿਗਿਆਨ ਅਤੇ ਟੈਕਨੋਲੋਜੀ ਅਤੇ ਆਟੋਮੋਟਿਵ ਸੈਕਟਰ ਵਿੱਚ ਸਬੰਧਾਂ ਨੂੰ ਹੋਰ ਵਧਾਉਣ ਅਤੇ ਲੋਕਾਂ ਦਰਮਿਆਨ ਸੰਪਰਕ ਨੂੰ ਹੁਲਾਰਾ ਦੇਣ ਦੀ ਦਿਸ਼ਾ ਵਿੱਚ ਕੰਮ ਕਰਨ ’ਤੇ ਸਹਿਮਤੀ ਵਿਅਕਤ ਕੀਤੀ। ਦੋਵਾਂ ਦੇਸ਼ਾਂ ਦੇ ਦਰਮਿਆਨ ਵਧਦੇ ਵਪਾਰ ਅਤੇ ਨਿਵੇਸ਼ ਸਹਿਯੋਗ ’ਤੇ ਸੰਤੋਸ਼ ਵਿਅਕਤ ਕਰਦੇ ਹੋਏ, ਨੇਤਾਵਾਂ ਨੇ ਨੇੜਲੇ ਖੇਤਰ ਦੇ ਸੰਦਰਭ ਵਿੱਚ ਮੈਕਸੀਕੋ ਵਲੋਂ ਪੇਸ਼ ਕੀਤੇ ਗਏ ਅਵਸਰਾਂ ’ਤੇ ਚਰਚਾ ਕੀਤੀ। ਫਾਰਮਾਸਿਊਟੀਕਲ ਖੇਤਰ ਵਿੱਚ ਵਧਦੇ ਅਵਸਰਾਂ ’ਤੇ ਚਰਚਾ ਹੋਈ, ਜਿੱਥੇ ਭਾਰਤ ਕਿਫਾਇਤੀ ਗੁਣਵੱਤਾ ਵਾਲੀਆਂ ਦਵਾਈਆਂ ਅਤੇ ਹੋਰ ਫਾਰਮਾਸਿਊਟੀਕਲ ਉਤਪਾਦਾਂ ਦੀ ਸਪਲਾਈ ਅਤੇ ਉਤਪਾਦਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ, ਇਸ ਤੋਂ ਇਲਾਵਾ ਖੇਤੀਬਾੜੀ ਅਤੇ ਸੰਪੂਰਨ ਸਿਹਤ ਦੇ ਖੇਤਰ ਵਿੱਚ ਸਹਿਯੋਗ ’ਤੇ ਵੀ ਚਰਚਾ ਹੋਈ।

3. ਰਾਸ਼ਟਰਪਤੀ ਸ਼ੀਨਬੌਮ ਨੇ ਟੈਕਨੋਲੋਜੀ, ਇਨੋਵੇਸ਼ਨ ਅਤੇ ਡਿਜ਼ੀਟਲ ਪਬਲਿਕ ਇਨਫ੍ਰਾਸਟ੍ਰਕਚਰ ਵਿੱਚ ਭਾਰਤ ਦੀ ਤਰੱਕੀ ਦੀ ਸ਼ਲਾਘਾ ਕੀਤੀ, ਉਨ੍ਹਾਂ ਨੇ ਇਨ੍ਹਾਂ ਖੇਤਰਾਂ ਵਿੱਚ ਭਾਰਤ ਦੇ ਨਾਲ ਸਹਿਯੋਗ ਦੀ ਇੱਛਾ ਵਿਅਕਤ ਕੀਤੀ। ਪ੍ਰਧਾਨ ਮੰਤਰੀ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਦੋਵੇਂ ਦੇਸ਼ਾਂ ਨੂੰ ਸੈਮੀਕੰਡਕਟਰ, AI, ਕੁਆਂਟਮ ਅਤੇ ਮਹੱਤਵਪੂਰਨ ਖਣਿਜਾਂ ਦੇ ਖੇਤਰ ਵਿੱਚ ਸਹਿਯੋਗ ਦੀਆਂ ਸੰਭਾਵਨਾਵਾਂ ਦੀ ਤਲਾਸ਼ ਕਰਨੀ ਚਾਹੀਦੀ ਹੈ। ਨੇਤਾਵਾਂ ਨੇ ਦੋਵੇਂ ਧਿਰਾਂ ਦੇ ਥਿੰਕ-ਟੈਂਕ ਭਾਈਚਾਰਿਆਂ ਦੇ ਦਰਮਿਆਨ ਆਗਾਮੀ ਰੁਝੇਵਿਆਂ ਅਤੇ ਦੋਵਾਂ ਦੇਸ਼ਾਂ ਦਰਮਿਆਨ ਜੀਵੰਤ ਸੱਭਿਆਚਾਰਕ ਅਤੇ ਲੋਕਾਂ ਦਰਮਿਆਨ ਸਬੰਧਾਂ ’ਤੇ ਵੀ ਧਿਆਨ ਦਿੱਤਾ, ਜੋ ਟੂਰਿਜ਼ਮ ਪ੍ਰਵਾਹ ਨੂੰ ਵੀ ਹੁਲਾਰਾ ਦੇਵੇਗਾ।

4. ਸਾਂਝੇਦਾਰ ਦੇਸ਼ਾਂ ਦੇ ਰੂਪ ਵਿੱਚ, ਨੇਤਾਵਾਂ ਨੇ ਆਲਮੀ ਅਤੇ ਖੇਤਰੀ ਮੁੱਦਿਆਂ ਅਤੇ ਗਲੋਬਲ ਸਾਊਥ ਦੀਆਂ ਪ੍ਰਾਥਮਿਕਤਾਵਾਂ ’ਤੇ ਵਿਚਾਰਾਂ ਦਾ ਅਦਾਨ-ਪ੍ਰਦਾਨ ਕੀਤਾ। ਪ੍ਰਧਾਨ ਮੰਤਰੀ ਨੇ 2016 ਦੀ ਮੈਕਸੀਕੋ ਦੀ ਯਾਤਰਾ ਨੂੰ ਯਾਦ ਕੀਤਾ ਅਤੇ ਰਾਸ਼ਟਰਪਤੀ ਸ਼ੀਨਬੌਮ ਨੂੰ ਭਾਰਤ ਆਉਣ ਦਾ ਸੱਦਾ ਦਿੱਤਾ।

ਕਨਾਨਾਸਕਿਸ

17 ਜੂਨ 2025